**ਗਉੜੀ · ॥ ਲਖ ਚਉਰਾਸੀਹ ਜੀਅ ਜੋਨਿ ਮਹਿ ਭ੍ਰਮਤ ਨੰਦੁ ਬਹੁ ਥਾਕੋ ਰੇ ॥ ਭਗਤਿ ਹੇਤਿ ਅਵਤਾਰੁ ਲੀਓ ਹੈ ਭਾਗੁ ਬਡੋ ਬਪੁਰਾ ਕੋ ਰੇ ॥੧॥ ਤੁਮ੍ ਜੁ ਕਹਤ ਹਉ ਨੰਦ ਕੋ ਨੰਦਨੁ ਨੰਦ ਸੁ ਨੰਦਨੁ ਕਾ ਕੋ ਰੇ ॥ ਧਰਨਿ ਅਕਾਸੁ ਦਸੋ ਦਿਸ ਨਾਹੀ ਤਬ ਇਹੁ ਨੰਦੁ ਕਹਾ ਥੋ ਰੇ ॥ ੧॥ ਰਹਾਉ ॥ ਸੰਕਟਿ ਨਹੀ ਪਰੈ ਜੋਨਿ ਨਹੀ ਆਵੈ ਨਾਮੁ ਨਿਰੰਜਨ ਜਾ ਕੋ ਰੇ ॥ ਕਬੀਰ ਕੋ ਸੁਆਮੀ ਐਸੋ ਠਾਕੁਰੁ ਜਾ ਕੈ ਮਾਈ ਨ ਬਾਪੋ ਰੇ ॥੨॥੧੯॥੭੦॥** {ਪੰਨਾ 338-339}

ਪਦਅਰਥ:- ਨੋਟ:- ਲਫ਼ਜ਼ 'ਗਉੜੀ' ਦੇ ਹੇਠ ਛੋਟਾ ਅੰਕ 5 ਦੱਸਦਾ ਹੈ ਕਿ ਇਸ ਸ਼ਬਦ ਸਮੇਤ ਅਗਾਂਹ ਕਬੀਰ ਜੀ ਦੇ ਪੰਜ ਸ਼ਬਦ ਹਨ।

ਜੀਅ ਜੋਨਿ ਮਹਿ—ਜੀਵਾਂ ਦੀਆਂ ਜੂਨਾਂ ਵਿਚ। ਭ੍ਰਮਤ—ਭਟਕਦਾ। ਰੇ—ਹੇ ਭਾਈ! ਭਗਤਿ ਹੇਤਿ—ਭਗਤੀ ਦੀ ਖ਼ਾਤਰ, ਉਸ ਦੀ ਭਗਤੀ ਤੇ ਤ੍ਰੁੱਠ ਕੇ। ਅਵਤਾਰੁ—ਜਨਮ। ਬਪੁਰਾ ਕੋ—ਵਿਚਾਰੇ ਦਾ।

ਜੁ—ਜਿਹੜੀ ਇਹ ਗੱਲ। ਨੰਦਨੁ—ਪੁੱਤਰ। ਨੰਦ—ਇਹ ਗੋਕਲ ਦਾ ਇਕ ਗੁਆਲਾ ਸੀ, ਇਸ ਦੀ ਇਸਤ੍ਰੀ ਦਾ ਨਾਮ ਜਸ਼ੋਧਾ ਸੀ। ਜਦੋਂ ਕੰਸ ਆਪਣੀ ਭੈਣ ਦੇਵਕੀ ਦੇ ਘਰ ਨਵੇਂ ਜਨਮੇ ਬਾਲ-ਕ੍ਰਿਸ਼ਨ ਜੀ ਨੂੰ ਮਾਰਨਾ ਚਾਹੁੰਦਾ ਸੀ ਤਾਂ ਇਹਨਾਂ ਦੇ ਪਿਤਾ ਵਸੂਦੇਵ ਨੇ ਇਹਨਾਂ ਨੂੰ ਮਥਰਾ ਤੋਂ ਰਾਤੋ ਰਾਤ ਲੈ ਜਾ ਕੇ ਨੰਦ ਦੇ ਹਵਾਲੇ ਕੀਤਾ ਸੀ। ਨੰਦ ਤੇ ਜਸ਼ੋਧਾਂ ਨੇ ਕ੍ਰਿਸ਼ਨ ਜੀ ਨੂੰ ਪਾਲਿਆ ਸੀ।

ਸੁ—ਉਹ। ਕਾ ਕੋ—ਕਿਸ ਦਾ? ਧਰਨਿ—ਧਰਤੀ। ਦਸੋ ਦਿਸ—ਦਸੇ ਪਾਸੇ, (ਭਾਵ, ਇਹ ਸਾਰਾ ਜਗਤ)।1। ਰਹਾਉ।

ਸੰਕਟਿ—ਸੰਕਟ ਵਿਚ, ਦੁੱਖ ਵਿਚ। ਨਿਰੰਜਨ—ਅੰਜਨ-ਰਹਿਤ, ਮਾਇਆ ਦੇ ਪ੍ਰਭਾਵ ਤੋਂ ਉਤਾਂਹ।2।

ਅਰਥ:- ਹੇ ਭਾਈ! (ਤੁਸੀ ਆਖਦੇ ਹੋ ਕਿ ਜਦੋਂ) ਚੌਰਾਸੀ ਲੱਖ ਜੀਵਾਂ ਦੀਆਂ ਜੂਨਾਂ ਵਿਚ ਭਟਕ ਭਟਕ ਕੇ ਨੰਦ ਬਹੁਤ ਥੱਕ ਗਿਆ (ਤੇ ਉਸ ਨੂੰ ਮਨੁੱਖਾ ਜਨਮ ਮਿਲਿਆ ਤਾਂ ਉਸ ਨੇ ਪਰਮਾਤਮਾ ਦੀ ਭਗਤੀ ਕੀਤੀ), ਉਸ ਦੀ ਭਗਤੀ ਤੇ ਪ੍ਰਸੰਨ ਹੋ ਕੇ (ਪਰਮਾਤਮਾ ਨੇ ਉਸ ਦੇ ਘਰ) ਜਨਮ ਲਿਆ, ਉਸ ਵਿਚਾਰੇ ਨੰਦ ਦੀ ਬੜੀ ਕਿਸਮਤ ਜਾਗੀ।1।

ਪਰ, ਹੇ ਭਾਈ! ਤੁਸੀ ਜੋ ਇਹ ਆਖਦੇ ਹੋ ਕਿ (ਪਰਮਾਤਮਾ ਨੰਦ ਦੇ ਘਰ ਅਵਤਾਰ ਲੈ ਕੇ) ਨੰਦ ਦਾ ਪੁੱਤਰ ਬਣਿਆ, (ਇਹ ਦੱਸੋ ਕਿ) ਉਹ ਨੰਦ ਕਿਸ ਦਾ ਪੁੱਤਰ ਸੀ? ਤੇ ਜਦੋਂ ਨਾਹ ਇਹ ਧਰਤੀ ਅਤੇ ਨਾਹ ਅਕਾਸ਼ ਸੀ, ਤਦੋਂ ਇਹ ਨੰਦ (ਜਿਸ ਨੂੰ ਤੁਸੀ ਪਰਮਾਤਮਾ ਦਾ ਪਿਓ ਆਖ ਰਹੇ ਹੋ) ਕਿਥੇ ਸੀ।1। ਰਹਾਉ।

ਹੇ ਭਾਈ! (ਅਸਲ ਗੱਲ ਇਹ ਹੈ ਕਿ ਜਿਸ ਪ੍ਰਭੂ) ਦਾ ਨਾਮ ਹੈ ਨਿਰੰਜਨ (ਭਾਵ, ਜੋ ਪ੍ਰਭੂ ਕਦੇ ਮਾਇਆ ਦੇ ਅਸਰ ਹੇਠ ਨਹੀਂ ਆ ਸਕਦਾ), ਉਹ ਜੂਨ ਵਿਚ ਨਹੀਂ ਆਉਂਦਾ, ਉਹ (ਜੰਮਣ ਮਰਨ ਦੇ) ਦੁੱਖ ਵਿਚ ਨਹੀਂ ਪੈਂਦਾ। ਕਬੀਰ ਦਾ ਸੁਆਮੀ (ਸਾਰੇ ਜਗਤ ਦਾ) ਪਾਲਣਹਾਰ ਐਸਾ ਹੈ ਜਿਸ ਦੀ ਨਾ ਕੋਈ ਮਾਂ ਹੈ, ਤੇ ਨਾ ਪਿਓ।2। 19। 70।

ਸ਼ਬਦ ਦਾ ਭਾਵ:- ਪਰਮਾਤਮਾ ਆਪ ਸਾਰੇ ਜਗਤ ਨੂੰ ਰਚਨ ਵਾਲਾ ਹੈ। ਮਾਇਆ ਦੇ ਖੇਲ ਨੂੰ ਉਹ ਆਪ ਹੀ ਬਣਾਉਣ ਵਾਲਾ ਹੈ; ਉਹ ਜਨਮ ਮਰਨ ਵਿਚ ਨਹੀਂ ਆਉਂਦਾ, ਉਸ ਦਾ ਕੋਈ ਮਾਂ-ਪਿਉ ਨਹੀਂ ਹੈ। ਗੋਕਲ ਦੇ ਗੁਆਲੇ ਨੰਦ ਨੂੰ ਪਰਮਾਤਮਾ ਦਾ ਪਿਉ ਆਖਣਾ ਵੱਡੀ ਭੁੱਲ ਹੈ। 70।